# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ ਸਿ), ਪੰਜਾਬ।

ਹੁਕਮ ਨੰ: (512) 8/276-14 ਅ 3(8) (ਕੋ:ਸੈ:2)
ਮਿਤੀ, ਐਸ.ਏ.ਐਸ ਨਗਰ: 06.02.2015

ਸ਼੍ਰੀਮਤੀ ਬਲਬੀਰ, ਸ.ਸ. ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਸਾਣੀਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਤੈਨਾਤ ਹਨ, ਦੀ ਰਿਟਾਇਰਮੈਂਟ ਮਿਤੀ 31-12-2014 ਨੂੰ ਹੈ/ਸੀ। ਪੰਜਾਬ ਸਰਕਾਰ ਦੇ ਪੱਤਰ ਨੰ: 22/2/2012-3 ਐਫ.ਪੀ. 2/475-480 ਮਿਤੀ 08-10-2012 ਦੇ ਸੰਨਮੁੱਖ ਕਰਮਚਾਰੀ/ਕਰਮਚਾਰਨ ਦੀ ਮੰਗ ਅਨੁਸਾਰ ਉਸਦੇ ਸੇਵਾਕਾਲ ਵਿਚ ਮਿਤੀ 01-01-15 ਤੋਂ ਮਿਤੀ 31-12-15 ਤੱਕ ਇਕ ਸਾਲ ਦਾ ਵਾਧਾ ਹੇਠ ਲਿਖੀਆਂ ਸ਼ਰਤਾਂ ਤਹਿਤ ਕੀਤਾ ਜਾਦਾ ਹੈ:-

1) ਵਧੇ ਹੋਏ ਸੇਵਾਕਾਲ ਦੌਰਾਨ ਸਬੰਧਤ ਕਰਮਚਾਰੀ ਦੀ ਤਨਖਾਹ ਆਦਿ ਲਈ, ਸਰਕਾਰ ਦੀ ਨੋਟੀਫਿਕੇਸਨ ਨੰ: 22/2/2012-3 ਐਫ.ਪੀ.2/475-80 ਮਿਤੀ 8-10-12 ਅਨੁਸਾਰ ਪੰਜਾਬ ਸਿਵਲ ਸਰਵਿਸਜ਼ (ਪਹਿਲੀ ਸੋਧ) ਰੂਲਜ ਵਾਲਿਯੂਮ-1, ਪਾਰਟ-1, 2012 ਲਾਗੂ ਹੋਵੇਗੀ, ਜਿਸ ਅਨੁਸਾਰ ਰੂਲ 3.26 ਦੀ ਕਲਾਜ (ਏ) ਅਤੇ (ਬੀ) ਸੋਧੀ ਗਈ ਹੈ।

2) ਇਸ ਕਰਮਚਾਰੀ/ ਕਰਮਚਾਰਨ ਵਿਰੁੱਧ ਕਿਸੇ ਤਰ੍ਹਾਂ ਦੀ ਵੀ ਕੋਈ ਵਿਭਾਗੀ ਇਨਕੁਆਰੀ/ ਕਰੀਮਿਨਲ ਕੇਸ ਜਾਂ ਵਿਜੀਲੈਂਸ ਕੇਸ ਪੈਂਡਿੰਗ ਹੋਵੇ ਤਾਂ ਵਿੱਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰ: 22/2/2012-3 ਵਿ.ਪ.2/479 ਮਿਤੀ 08-10-2012 ਅਤੇ ਪੱਤਰ ਨੰ:22/2/2012-3 ਵਿ.ਪ.2/471 ਮਿਤੀ 20-09-2013 ਅਧੀਨ ਸੇਵਾਕਾਲ ਵਿਚ ਵਾਧਾ ਦੇਣ ਲਈ ਨਹੀਂ ਵਿਚਾਰਿਆ ਜਾਵੇਗਾ।

3) ਵਧੇ ਹੋਏ ਸੇਵਾ ਕਾਲ ਦੌਰਾਨ ਪੱਦ ਉਨਤੀ ਦੀ ਅਸਾਮੀ ਉਪਲਬੱਧ ਹੋਣ ਦੀ ਸੂਰਤ ਵਿਚ ਸਬੰਧਤ ਕਰਮਚਾਰੀ ਨਿਯਮਾਂ ਅਨੁਸਾਰ ਅਜਿਹੀ ਅਸਾਮੀ ਦੇ ਵਿਰੁੱਧ ਪੱਦ ਉਨਤੀ ਲਈ ਵਿਚਾਰੇ ਜਾਣ ਦਾ ਪਾਤਰ ਹੋਵੇਗਾ ਅਤੇ ਪੱਦ ਉਨਤ ਹੋਣ ਦੀ ਸੂਰਤ ਵਿਚ ਉਸਦੀ ਤਨਖਾਹ ਸਬੰਧਤ ਨਿਯਮਾਂ ਅਨੁਸਾਰ ਪੱਦ ਉਨਤੀ ਦਾ ਲਾਭ ਦਿੰਦੇ ਹੋਏ, ਨਿਸ਼ਚਿਤ ਕੀਤੀ ਜਾਵੇਗੀ।

4) ਸਬੰਧਤ ਕਰਮਚਾਰੀ ਨੂੰ ਸੇਵਾ ਨਵਿਰਤੀ ਉਪਰੰਤ ਮਿਲਣ ਯੋਗ ਸਾਰੇ ਪੈਨਸ਼ਨਰੀ ਲਾਭ ਉਸਦੇ ਸੇਵਾਕਾਲ ਵਿਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣ ਯੋਗ ਹੋਣਗੇ।

5) ਇਕ ਵਾਰ ਦਿੱਤੀ ਆਪਸ਼ਨ ਅੰਤਿਮ ਮੰਨੀ ਜਾਵੇਗੀ ਅਤੇ ਇਸ ਵਿਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਹੋਵੇਗੀ।

6) ਜੇਕਰ ਕਰਮਚਾਰੀ ਦੀ ਪੈਨਸ਼ਨ ਮਹਾਂਲੇਖਾਕਾਰ ਪੰਜਾਬ ਤੋਂ ਪ੍ਰਵਾਨਗੀ ਉਪਰੰਤ ਆਪ ਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।

7) ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ/ਹੋਵੇਗੀ।

8) ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਜ਼ਿਲ੍ਹਾ ਸਿਖਿਆ ਅਫਸਰ (ਸੈ:ਸਿ:) ਅਤੇ ਸਕੂਲ ਮੁੱਖੀ ਦੀ ਹੋਵੇਗੀ।

ਬਲਬੀਰ ਸਿੰਘ
ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.)
ਪੰਜਾਬ।

ਪਿੱਠ ਅੰਕਣ ਨੰ: ਉਕਤ / 2069-71 ਮਿਤੀ, ਐਸ.ਏ.ਐਸ ਨਗਰ:- 06/2/15

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਗੁਰਦਾਸਪੁਰ ਨੂੰ ਉਨਾਂ ਦੇ ਪੱਤਰ ਨੰ: 2014/ਅਮਲਾ-1/4380-81 ਮਿਤੀ 14-10-14 ਦੇ ਹਵਾਲੇ ਵਿਚ।
2. ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਸਾਣੀਆਂ ਜ਼ਿਲ੍ਹਾ ਗੁਰਦਾਸਪੁਰ।
3. ਸ਼੍ਰੀਮਤੀ ਬਲਬੀਰ, ਸ.ਸ. ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਸਾਣੀਆਂ ਜ਼ਿਲ੍ਹਾ ਗੁਰਦਾਸਪੁਰ।

6/2/15
ਸੁਪਰਡੰਟ ਕੋਆਰਡੀਨੇਸ਼ਨ ਸੈਲ